# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

18:20 Pm

ਮਿਤੀ: 17-01-2025

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਵੀਡੀਓ ਕਾਨਫਰੰਸਿੰਗ ਰਾਹੀਂ ਪੰਜਾਬ ਸਮੇਤ 10 ਰਾਜਾਂ ਅਤੇ ਦੋ ਕੇਂਦਰ ਸ਼ਾਸਿਤ ਪ੍ਰਦੇਸ਼ਾਂ'ਚ SVAMITVA ਯੋਜਨਾ ਤਹਿਤ 65 ਲੱਖ ਤੋਂ ਵੱਧ ਸੰਪਤੀ ਕਾਰਡ ਵੰਡਣਗੇ।
- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰਪਤੀ ਭਵਨ ਵਿੱਚ, ਰਾਸ਼ਟਰੀ ਖੇਡ Award 2024 ਪ੍ਰਦਾਨ ਕੀਤੇ।
- ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦਾ ਕਹਿਣਾ ਏ ਕਿ ਪੰਜਾਬ ਵਿੱਚ ਚੰਗੇ ਬੀਜਾਂ, ਅਤੇ ਮਿਆਰੀ ਖਾਦਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਜਾ ਰਿਹਾ ਏ.

- ਮੌਸਮ ਵਿਭਾਗ ਨੇ ਆਉਂਦੇ 48 ਘੰਟਿਆਂ ਤਕ ਪੰਜਾਬ ਤੇ ਹਰਿਆਣਾ ਦੇ ਕਈ ਹਿੱਸਿਆਂ 'ਚ ਸੰਘਣੀ ਧੁੰਦ ਰਹਿਣ ਦੀ ਸੰਭਾਵਨਾ ਜਤਾਈ ਏ.
- ਮਹਿਲਾ ਪ੍ਰੀਮੀਅਰ ਲੀਗ 2025, 14 ਫਰਵਰੀ ਨੂੰ ਸ਼ੁਰੂ ਹੋਣ ਜਾ ਰਹੀ ਏ

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਵੀਡੀਓ ਕਾਨਫਰੰਸਿੰਗ ਰਾਹੀਂ ਪੰਜਾਬ ਸਮੇਤ 10 ਰਾਜਾਂ ਅਤੇ ਦੋ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ 50 ਹਜ਼ਾਰ ਤੋਂ ਵੱਧ ਪਿੰਡਾਂ ਵਿੱਚ ਸੰਪੱਤੀ ਮਾਲਕਾਂ ਨੂੰ SVAMITVA ਯੋਜਨਾ ਤਹਿਤ 65 ਲੱਖ ਤੋਂ ਵੱਧ ਸੰਪਤੀ ਕਾਰਡ ਵੰਡਣਗੇ। ਪ੍ਰਧਾਨ ਮੰਤਰੀ ਵੱਲੋਂ ਸ਼ੁਰੂ ਕੀਤੀ ਗਈ ਇਸ ਯੋਜਨਾ ਦਾ ਉਦੇਸ਼ ਸਰਵੇਖਣ ਲਈ ਅਡਵਾਂਸ ਡਰੋਨ ਤਕਨਾਲੋਜੀ ਰਾਹੀਂ ਘਰਾਂ ਨੂੰ ਅਧਿਕਾਰਾਂ ਦਾ ਰਿਕਾਰਡ ਪ੍ਰਦਾਨ ਕਰਕੇ ਪੇਂਡੂ ਭਾਰਤ ਦੇ ਆਰਥਿਕ ਵਿਕਾਸ ਨੂੰ ਵਧਾਉਣਾ ਏ । ਇਹ ਸੰਪਤੀ ਦੇ ਮੁਦਰੀਕਰਨ ਦੀ ਸਹੂਲਤ ਵੀ ਦਿੰਦਾ ਏ, ਬੈਂਕ ਕਰਜ਼ਿਆਂ ਰਾਹੀਂ ਸੰਸਥਾਗਤ ਕਰਜ਼ੇ ਤੱਕ ਪਹੁੰਚ ਨੂੰ ਸਮਰੱਥ ਬਣਾਉਂਦਾ ਏ, ਜਾਇਦਾਦ ਨਾਲ ਸਬੰਧਤ ਵਿਵਾਦਾਂ ਨੂੰ ਘਟਾਉਂਦਾ ਏ, ਅਤੇ ਪੇਂਡੂ

ਖੇਤਰਾਂ ਵਿੱਚ ਬਿਹਤਰ ਸੰਪੱਤੀ ਮੁਲੰਕਣ ਅਤੇ ਸੰਪੱਤੀ ਟੈਕਸ ਵਸੂਲੀ’ਚ ਮਦਦ ਕਰਦਾ ਏ.

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ, ਭਾਰਤ ਦਾ ਆਟੋਮੋਬਾਈਲ ਸੈਕਟਰ ਦੇਸ਼ ਦੇ ਲੋਕਾਂ ਦੀਆਂ ਇੱਛਾਵਾਂ ਦੇ ਆਧਾਰ 'ਤੇ ਇੱਕ ਬੇਮਿਸਾਲ ਤਬਦੀਲੀ ਚੋਂ ਗੁਜ਼ਰ ਰਿਹਾ ਏ। ਸ੍ਰੀ ਮੋਦੀ ਨੇ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿੱਚ, 6 ਦਿਨਾਂ Bharat Mobility Global Expo 2025 ਦਾ ਉਦਘਾਟਨ ਕੀਤਾ। ਸ਼੍ਰੀ ਮੋਦੀ ਨੇ ਕਿਹਾ ਕਿ ਵਿਕਸਤ ਭਾਰਤ ਦੀ ਯਾਤਰਾ ਵਿੱਚ ਆਵਾਜਾਈ ਸੈਕਟਰ ਵਿੱਚ ਬੇਮਿਸਾਲ ਮੁੜ੍ਹ-ਸੁਰਜੀਤੀ ਅਤੇ ਬੇਮਿਸਾਲ ਵਿਕਾਸ ਦੇਖਣ ਨੂੰ ਮਿਲੇਗਾ। ਉਨ੍ਹਾਂ ਕਿਹਾ ਕਿ ਦੇਸ਼ ਦੀ ਆਟੋ ਸਨਅਤ ਨੇ, ਪਿਛਲੇ ਸਾਲ 12 ਫੀਸਦੀ ਦੀ ਸਾਲਾਨਾ ਵਾਧਾ ਦਰ ਹਾਸਲ ਕੀਤੀ-BYTE ਪ੍ਰਧਾਨ ਮੰਤਰੀ ਨੇ ਆਟੋਮੋਟਿਵ ਅਤੇ ਆਵਾਜਾਈ ਸੈਕਟਰ ਵਿੱਚ ਨਵੀਨਤਾ ਅਤੇ ਪ੍ਰਗਤੀ ਦਾ ਵਿਖਾਲਾ ਕਰਨ ਵਾਲੇ ਐਕਸਪੋ ਵਿੱਚ ਪਵੇਲੀਅਨਾਂ ਨੂੰ ਵੀ ਦੇਖਿਆ. ਇਸ ਮੌਕੇ ਕੇਂਦਰੀ ਵਪਾਰ ਅਤੇ ਸਨਅਤ ਮੰਤਰੀ ਪੀਯੂਸ਼ ਗੋਇਲ ਨੇ ਕਿਹਾ ਕਿ, ਭਾਰਤ ਮੋਬਿਲਿਟੀ ਗਲੋਬਲ ਐਕਸਪੋ ਆਟੋ ਮੋਬਾਈਲ ਅਤੇ ਸਬੰਧਤ ਵਪਾਰ ਵਿੱਚ ਦੁਨੀਆ ਦਾ ਦੂਜਾ ਸਭ ਤੋਂ ਵੱਡਾ ਸਮਾਰੋਹ ਬਣ ਗਿਆ ਏ। ਉਨ੍ਹਾਂ

ਕਿਹਾ ਕਿ, ਭਾਰਤ ਤਿਪਹੀਆ ਵਾਹਨਾਂ ਅਤੇ ਟਰੈਕਟਰਾਂ ਦਾ ਸਭ ਤੋਂ ਵੱਡਾ ਨਿਰਮਾਤਾ ਬਣ ਗਿਆ ਏ। ਭਾਰੀ ਸਨਅਤਾਂ ਬਾਰੇ ਕੇਂਦਰੀ ਮੰਤਰੀ H.D ਕੁਮਾਰਸਵਾਮੀ ਨੇ ਕਿਹਾ ਕਿ, ਗਲੋਬਲ ਐਕਸਪੋ ਭਾਰਤੀ ਆਟੋਮੋਬਾਈਲ ਸਨਅਤ ਵਿੱਚ ਨਵੀਨਤਮ ਵਿਕਾਸ ਨੂੰ ਦਰਸਾਉਂਦਾ ਏ। ਉਨ੍ਹਾਂ ਕਿਹਾ ਕਿ ਸਰਕਾਰ ਭਾਰਤ ਨੂੰ ਆਟੋ ਸੈਕਟਰ ਵਿੱਚ ਆਤਮ ਨਿਰਭਰ ਬਣਾਉਣ ਲਈ ਵਚਨਬੱਧ ਏ।

---------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰਪਤੀ ਭਵਨ ਵਿੱਚ, ਰਾਸ਼ਟਰੀ ਖੇਡ Award 2024 ਪ੍ਰਦਾਨ ਕੀਤੇ। ਵਿਸ਼ਵ ਸ਼ਤਰੰਜ ਚੈਂਪੀਅਨ ਡੀ ਗੁਕੇਸ਼, ਪੈਰਿਸ ਓਲੰਪਿਕ 'ਚ ਦੋ ਤਮਗੇ ਜਿੱਤਣ ਵਾਲੀ ਮਨੂ ਭਾਕਰ, ਮਰਦਾਂ ਦੀ ਹਾਕੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ ਅਤੇ ਪੈਰਿਸ Paralympics 'ਚ, ਸੋਨੇ ਦਾ ਤਮਗਾ ਜੇਤੂ ਪ੍ਰਵੀਨ ਕੁਮਾਰ ਨੂੰ ਵੱਕਾਰੀ ਮੇਜਰ ਧਿਆਨ ਚੰਦ ਖੇਡ ਰਤਨ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਹ award ਪਿਛਲੇ ਚਾਰ ਸਾਲਾਂ ਵਿੱਚ ਖਿਡਾਰੀਆਂ ਦੀ ਸ਼ਾਨਦਾਰ ਕਾਰਗੁਜ਼ਾਰੀ ਲਈ ਦਿੱਤਾ ਜਾਂਦਾ ਏ। ਪੈਰਾ ਸ਼ੂਟਿੰਗ ਕੋਚ ਸੁਭਾਸ਼ ਰਾਣਾ, ਨਿਸ਼ਾਨੇਬਾਜ਼ੀ ਕੋਚ ਦੀਪਾਲੀ ਦੇਸ਼ਪਾਂਡੇ, ਹਾਕੀ ਕੋਚ ਸੰਦੀਪ ਸਾਂਗਵਾਨ, ਬੈਡਮਿੰਟਨ

ਕੋਚ S. ਮੁਰਲੀਧਰਨ ਅਤੇ ਫੁੱਟਬਾਲ ਕੋਚ Armando Agnelo Colaco ਨੂੰ, Dronacharya Award ਦਿੱਤਾ ਗਿਆ ਏ। 32 ਖਿਡਾਰੀਆਂ ਨੂੰ ਅਰਜੁਨ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਏ। ਉੱਘੇ ਅਥਲੀਟ ਸੁੱਚਾ ਸਿੰਘ ਅਤੇ ਅਨੁਭਵੀ ਪੈਰਾ ਤੈਰਾਕ ਮੁਰਲੀਕਾਂਤ ਪੇਟਕਰ ਨੂੰ LIFETIME ਅਰਜੁਨ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ ਏ। ਚੰਡੀਗੜ੍ਹ ਯੂਨੀਵਰਸਿਟੀ ਨੂੰ ਖੇਲੋ ਇੰਡੀਆ ਯੂਨੀਵਰਸਿਟੀ ਖੇਡਾਂ ਵਿੱਚ, ਵਧੀਆ ਕਾਰਗੁਜ਼ਾਰੀ ਲਈ, ਮੌਲਾਨਾ ਅਬੁਲ ਕਲਾਮ ਆਜ਼ਾਦ ਟਰਾਫੀ ਪ੍ਰਦਾਨ ਕੀਤੀ ਗਈ ਏ।

---------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਰੱਖਿਆ ਅਤੇ ਸੁਰੱਖਿਆ ਮਾਹੌਲ ਵਿੱਚ ਵਧਦੇ ਤਣਾਅ ਦੇ ਮੱਦੇਨਜ਼ਰ ਦੇਸ਼ ਦੇ ਹਮਲਾਵਰ ਅਤੇ ਰੱਖਿਆਤਮਕ ਪ੍ਰਤੀਕਰਮ ਨੂੰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਮੇਂ ਦੇ ਨਾਲ ਦੇਸ਼ ਦੇ ਰੱਖਿਆ ਬਲਾਂ ਦੇ ਕੰਮ ਵਿੱਚ ਪੇਚੀਦਗੀਆਂ ਵਧਦੀਆਂ ਜਾ ਰਹੀਆਂ ਨੇ । ਉਹ ਅੱਜ ਨਵੀਂ ਦਿੱਲੀ ਵਿੱਚ ਸਮੁੰਦਰੀ ਫੌਜ ਦੇ ਇੱਕ ਪ੍ਰੋਗਰਾਮ ਨੂੰ ਸੰਬੋਧਨ ਕਰ ਰਹੇ ਸਨ। ਰੱਖਿਆ ਮੰਤਰੀ ਨੇ ਕਿਹਾ ਕਿ ਦੇਸ਼ ਭਗਤੀ ਅਤੇ ਅਨੁਸ਼ਾਸਨ ਦੀ ਭਾਵਨਾ ਦੇਸ਼ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਨਿਭਾਉਣ ਵਿੱਚ ਸੈਨਿਕਾਂ ਦੀ ਮਦਦ

ਕਰਦੀ ਏ । ਉਨ੍ਹਾਂ ਕਿਹਾ ਕਿ ਦੇਸ਼ ਦੀ ਆਰਥਿਕ ਖੁਸ਼ਹਾਲੀ ਸਮੁੰਦਰੀ ਸੁਰੱਖਿਆ ਨਾਲ ਜੁੜੀ ਹੋਈ ਏ ਅਤੇ ਇਸ ਦੀ ਸੁਰੱਖਿਆ ਕਰਨਾ ਜ਼ਰੂਰੀ ਏ । ਸਾਈਬਰ ਸੁਰੱਖਿਆ ਨੂੰ ਸਮੁੰਦਰੀ ਸੁਰੱਖਿਆ ਦਾ ਅਹਿਮ ਪਹਿਲੂ ਦੱਸਦੇ ਹੋਏ ਸ੍ਰੀ ਸਿੰਘ ਨੇ ਕਿਹਾ ਕਿ ਅੱਜ ਸਾਈਬਰ ਹਮਲਿਆਂ ਨੂੰ ਨਜ਼ਰਅੰਦਾਜ਼ ਕਰਨਾ ਘਾਤਕ ਸਾਬਤ ਹੋ ਸਕਦਾ ਏ ।

---------------------------------------------------------------

ਪੰਜਾਬ ਸਰਕਾਰ ਨੇ ਸੂਬਾ ਸਰਕਾਰ ਦੀਆਂ ਵੱਖ-ਵੱਖ APPS ਅਤੇ ਵੈੱਬਸਾਈਟਾਂ ਸਮੇਤ, ਸੰਵੇਦਨਸ਼ੀਲ ਤਕਨਾਲੋਜੀ ਢਾਂਚੇ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ, ਸੁਰੱਖਿਆ ਸੰਚਾਲਨ ਕੇਂਦਰ (SOC) ਸਥਾਪਤ ਕਰਨ ਦਾ ਫੈਸਲਾ ਕੀਤਾ ਏ। ਇਹ ਫੈਸਲਾ ਪੰਜਾਬ ਰਾਜ ਈ-ਗਵਰਨੈਂਸ ਸੋਸਾਇਟੀ ਦੇ ਬੋਰਡ ਆਫ਼ ਗਵਰਨਰਜ਼ ਦੀ 19ਵੀਂ ਮੀਟਿੰਗ ਵਿੱਚ ਕੱਲ੍ਹ ਪ੍ਰਸ਼ਾਸਕੀ ਸੁਧਾਰ ਅਤੇ ਲੋਕ ਸ਼ਿਕਾਇਤਾਂ ਬਾਰੇ ਮੰਤਰੀ ਅਮਨ ਅਰੋੜਾ ਦੀ ਪ੍ਰਧਾਨਗੀ ਹੇਠ ਲਿਆ ਗਿਆ।

---------------------------------------------------------------

ਪੰਜਾਬ ਦੇ ਖੇਤੀਬਾੜੀ, ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗਾਂ ਦੇ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪੰਜਾਬ ਵਿੱਚ ਚੰਗੇ ਬੀਜਾਂ, ਅਤੇ ਮਿਆਰੀ ਖਾਦਾਂ ਦੀ ਉਪਲਬਧਤਾ ਨੂੰ ਯਕੀਨੀ

ਬਣਾਇਆ ਜਾ ਰਿਹਾ ਏ., ਓਹ ਅੱਜ ਮੋਹਾਲੀ ਦੇ ਪਿੰਡ ਸਨੇਟਾ ਵਿਖੇ ਢਾਈ ਕਰੋੜ ਰੁਪਏ ਦੀ ਲਾਗਤ ਨਾਲ 5 ਏਕੜ ਰਕਬੇ ਵਿੱਚ ਬਣਨ ਵਾਲੀ ਦਾਣਾ ਮੰਡੀ ਦਾ ਨੀਂਹ ਪੱਥਰ ਰੱਖਣ ਮੌਕੇ ਸੰਬੋਧਨ ਕਰ ਰਹੇ ਸਨ. ਇਸ ਮੌਕੇ ਓਹਨਾਂ ਕਿਹਾ ਕਿ ਇਸ ਮੰਡੀ ਦੀ ਉਸਾਰੀ ਨਾਲ ਇਲਾਕੇ ਦੇ  ਤੋਂ ਵਧ ਪਿੰਡਾਂ ਦੇ ਕਿਸਾਨਾਂ ਨੂੰ ਵੱਡੀ ਰਾਹਤ ਮਿਲੇਗੀ.  ਉਨ੍ਹਾਂ ਕਿਹਾ ਕਿ ਪਹਿਲਾਂ ਇਸ ਮੰਡੀ ਲਈ 60 ਹਜ਼ਾਰ ਕੁਇੰਟਲ ਝੋਨਾ ਅਤੇ 33 ਹਜ਼ਾਰ ਕੁਇੰਟਲ ਕਣਕ ਦੀ ਆਮਦ ਦਰਜ ਕੀਤੀ ਜਾਂਦੀ ਸੀ, ਜੋ ਹੁਣ ਨਵੀਂ ਮੰਡੀ ਦੇ ਬਣਨ ਨਾਲ ਵਧੇਗੀ. ਉਨ੍ਹਾਂ ਕਿਹਾ ਕਿ ਇਹ ਮੰਡੀ ਸ਼ਹਿਰੀ ਇਲਾਕੇ ਨੂੰ ਸੀਜ਼ਨ ਦੇ ਦਿਨਾਂ ਵਿੱਚ ਆਉਂਦੀ ਟ੍ਰੈਫਿਕ ਦੀ ਮੁਸ਼ਕਿਲ ਤੋਂ ਵੀ ਵੱਡੀ ਰਾਹਤ ਦੇਵੇਗੀ।

---------------------------------------------------

ਮੁਹਾਲੀ ਦੇ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ 13 ਕੈਡਿਟਾਂ ਦੀ ਪਿਛਲੇ ਦੋ ਮਹੀਨਿਆਂ ਵਿੱਚ ਵੱਕਾਰੀ ਨੈਸ਼ਨਲ ਡਿਫੈਂਸ ਅਕੈਡਮੀ (ਐਨ.ਡੀ.ਏ.) ਅਤੇ ਹੋਰ ਰੱਖਿਆ ਸਿਖਲਾਈ ਅਕੈਡਮੀਆਂ ਵਿੱਚ ਚੋਣ ਹੋਣ ਨਾਲ ਇੱਕ ਨਵਾਂ ਮੀਲ ਪੱਥਰ ਕਾਇਮ ਹੋਇਆ ਏ. ਇਸ ਸਬੰਧੀ ਜਾਣਕਾਰੀ ਦਿੰਦਿਆਂ, ਅੱਜ ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਸ੍ਰੀ ਅਮਨ

ਅਰੋੜਾ ਨੇ ਦੱਸਿਆ ਕਿ ਇਸ ਸੰਸਥਾ ਦੇ ਵੱਖ-ਵੱਖ ਰੱਖਿਆ ਸਿਖਲਾਈ ਅਕੈਡਮੀਆਂ ਵਿੱਚ ਚੁਣੇ ਜਾਣ ਵਾਲੇ ਕੈਡਿਟਾਂ ਦੀ ਗਿਣਤੀ 66 ਤੱਕ ਪਹੁੰਚ ਗਈ ਏ। ਇਹ ਸਫਲਤਾ ਰੱਖਿਆ ਸੇਵਾਵਾਂ ਵਿੱਚ ਸ਼ਾਮਲ ਹੋਣ ਦੇ ਚਾਹਵਾਨ ਨੌਜਵਾਨਾਂ ਦੀਆਂ ਇੱਛਾਵਾਂ ਨੂੰ ਪੂਰਾ ਕਰਨ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਦਾ ਪ੍ਰਮਾਣ ਏ। ਉਨ੍ਹਾਂ ਦੱਸਿਆ ਕਿ ਅੱਠ ਕੈਡਿਟ, ਐਨ.ਡੀ.ਏ.-153 ਕੋਰਸ ਲਈ ਐਨ.ਡੀ.ਏ., ਖੜਕਵਾਸਲਾ (ਪੁਣੇ) ਵਿੱਚ ਸ਼ਾਮਲ ਹੋਏ ਨੇ. ਬਾਕੀ ਮੱਧ ਪ੍ਰਦੇਸ਼ ਦੇ ਮਹੂ ਵਿਖੇ ਕੈਡਿਟਜ਼ ਟ੍ਰੇਨਿੰਗ ਵਿੰਗ, ਤੇਲੰਗਾਨਾ ਦੇ ਸਿਕੰਦਰਾਬਾਦ ਵਿੱਚ ਸੀ.ਟੀ.ਡਬਲਿਊ , ਏਅਰ ਫੋਰਸ ਅਕੈਡਮੀ ਡੁੰਡੀਗਲ ਵਿੱਚ ਸ਼ਾਮਲ ਹੋਏ ਨੇ। ਜ਼ਿਕਰਯੋਗ ਏ ਕਿ ਕੈਡਿਟ ਅਰਮਾਨ-ਪ੍ਰੀਤ ਸਿੰਘ ਨੇ ਐਨ.ਡੀ.ਏ.-153 ਕੋਰਸ ਲਈ ਆਲ ਇੰਡੀਆ ਮੈਰਿਟ ਸੂਚੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦਕਿ ਕੇਸ਼ਵ ਸਿੰਗਲਾ ਨੇ ਇਸੇ ਕੋਰਸ ਲਈ ਆਲ ਇੰਡੀਆ ਮੈਰਿਟ ਵਿੱਚ 15ਵਾਂ ਰੈਂਕ ਪ੍ਰਾਪਤ ਕੀਤਾ।

---------------------------------------------------------------

ਥਲ ਸੇਨਾ ਦਿਵਸ ਦੇ ਮੌਕੇ 'ਤੇ ਝਾਰਖੰਡ ਅਤੇ ਬਿਹਾਰ ਉਪ ਖੇਤਰ ਦੀ ਨਿਗਰਾਨੀ ਹੇਠ ਪੰਜਾਬ ਰੈਜੀਮੈਂਟਲ ਸੈਂਟਰ, ਰਾਮਗੜ੍ਹ ਕੈਂਟ ਵੱਲੋਂ ਸਾਬਕਾ ਸੈਨਿਕਾਂ, ਵੀਰ-ਨਾਰੀਆਂ ਅਤੇ ਉਨ੍ਹਾਂ'ਤੇ ਨਿਰਭਰ ਲੋਕਾਂ ਦੀ

ਭਲਾਈ ਲਈ ਹਾਰਦਿਕ ਮਿਲਨ ਦਲ 3.0 ਨਾਂ ਦੀ ਟੀਮ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਹਾਰਦਿਕ ਮਿਲਨ ਦਲ 3.0 ਟੀਮ ਜੰਮੂ-ਕਸ਼ਮੀਰ ਦੇ ਜੰਮੂ ਅਤੇ ਕਠੂਆ ਜ਼ਿਲ੍ਹਿਆਂ, ਹਿਮਾਚਲ ਪ੍ਰਦੇਸ਼ ਦੇ ਚੰਬਾ, ਨੂਰਪੁਰ ਅਤੇ ਬਿਲਾਸਪੁਰ ਜ਼ਿਲ੍ਹਿਆਂ ਅਤੇ ਪੰਜਾਬ ਦੇ ਪਠਾਨਕੋਟ, ਤਰਨਤਾਰਨ, ਫਿਰੋਜ਼ਪੁਰ, ਮੁਕਤਸਰ ਸਾਹਿਬ ਅਤੇ ਬਠਿੰਡਾ ਜ਼ਿਲ੍ਹਿਆਂ ਦੇ ਸਾਬਕਾ ਸੈਨਿਕਾਂ ਤੱਕ ਪਹੁੰਚ ਕਰੇਗੀ। ਇਸ ਕੜੀ ਨੂੰ ਬੁਧਵਾਰ ਨੂੰ ਪੰਜਾਬ ਰੈਜੀਮੈਂਟਲ ਸੈਂਟਰ ਦੇ ਕਮਾਂਡੈਂਟ ਬ੍ਰਿਗੇਡੀਅਰ ਸੰਜੇ ਚੰਦਰ ਕੰਦਪਾਲ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਹ ਟੁਕੜੀ ਇਨ੍ਹਾਂ ਤਿੰਨਾਂ ਰਾਜਾਂ ਦੇ ਸਾਰੇ ਸਾਬਕਾ ਸੈਨਿਕਾਂ ਅਤੇ ਵੀਰਨਾਰੀਆਂ ਦੀਆਂ ਸ਼ਿਕਾਇਤਾਂ ਅਤੇ ਮਸਲਿਆਂ ਦਾ ਨਿਪਟਾਰਾ ਕਰੇਗੀ। ਇਸ ਤੋਂ ਇਲਾਵਾ ਸੇਵਾਮੁਕਤ ਹੋਣ ਤੋਂ ਬਾਅਦ ਸਾਬਕਾ ਸੈਨਿਕਾਂ ਅਤੇ ਵੀਰਨਾਰੀਆਂ ਨੂੰ ਮਿਲਣ ਵਾਲੇ ਪੈਨਸ਼ਨ ਲਾਭਾਂ ਅਤੇ ਸਹੂਲਤਾਂ ਸਬੰਧੀ ਅਹਿਮ ਜਾਣਕਾਰੀ ਦੇਣ ਲਈ ਪ੍ਰੋਗਰਾਮ ਉਲੀਕਿਆ ਜਾਵੇਗਾ।

------------------------------------------------------------

ਮੌਸਮ ਵਿਭਾਗ ਨੇ ਆਉਂਦੇ 48 ਘੰਟਿਆਂ ਤਕ ਪੰਜਾਬ ਤੇ ਹਰਿਆਣਾ ਦੇ ਕਈ ਹਿੱਸਿਆਂ ‘ਚ ਸੰਘਣੀ ਧੁੰਦ ਰਹਿਣ ਅਤੇ ਉਸ ਤੋਂ ਬਾਅਦ ਅਗਲੇ ਦਿਨਾਂ ‘ਚ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਏ। <u>ਇਸ ਬਾਰੇ ਚੰਡੀਗੜ੍ਹ</u>

<u>ਸਥਿਤ ਮੌਸਮ ਵਿਭਾਗ ਦੇ ਡਾਇਰੈਕਟਰ ਸ਼੍ਰੀ ਸੁਰਿੰਦਰ ਪਾਲ ਨੇ ਵਧੇਰੇ ਜਾਣਕਾਰੀ ਦਿੱਤੀ –</u>BYTE -

-----------------------------------------------------------

ਭਾਰਤੀ ਕ੍ਰਿਕਟ ਕੰਟਰੋਲ ਬੋਰਡ, BCCI ਨੇ ਮਹਿਲਾ ਪ੍ਰੀਮੀਅਰ ਲੀਗ 2025 ਦਾ ਪ੍ਰੋਗਰਾਮ ਜਾਰੀ ਕਰ ਦਿੱਤਾ ਏ। ਮਹਿਲਾ ਪ੍ਰੀਮੀਅਰ ਲੀਗ ਦੇ ਤੀਜੇ ਐਡੀਸ਼ਨ ਦੀ ਸ਼ੁਰੂਆਤ, 14 ਫਰਵਰੀ ਨੂੰ ਬੜੌਦਾ ਦੇ BCA ਸਟੇਡੀਅਮ ਵਿੱਚ, ਮੌਜੂਦਾ ਚੈਂਪੀਅਨ ROYAL ਚੈਲੇਂਜਰਜ਼ ਬੈਂਗਲੁਰੂ ਅਤੇ ਗੁਜਰਾਤ GIANTS ਦਰਮਿਆਨ ਮੁਕਾਬਲੇ ਨਾਲ ਹੋਵੇਗੀ। ਸਾਰੇ ਮੈਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਣਗੇ। ਇਸ ਵਾਰ ਬੜੌਦਾ, ਬੈਂਗਲੁਰੂ, ਲਖਨਊ ਅਤੇ ਮੁੰਬਈ 20-20 ਟੂਰਨਾਮੈਂਟ ਦੀ ਮੇਜ਼ਬਾਨੀ ਕਰਨਗੇ।

-----------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਵੀਡੀਓ ਕਾਨਫਰੰਸਿੰਗ ਰਾਹੀਂ ਪੰਜਾਬ ਸਮੇਤ 10 ਰਾਜਾਂ ਅਤੇ ਦੋ ਕੇਂਦਰ ਸ਼ਾਸਿਤ ਪ੍ਰਦੇਸ਼ਾਂ'ਚ SVAMITVA ਯੋਜਨਾ ਤਹਿਤ 65 ਲੱਖ ਤੋਂ ਵੱਧ ਸੰਪਤੀ ਕਾਰਡ ਵੰਡਣਗੇ।

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰਪਤੀ ਭਵਨ ਵਿੱਚ, ਰਾਸ਼ਟਰੀ ਖੇਡ Award 2024 ਪ੍ਰਦਾਨ ਕੀਤੇ।
- ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦਾ ਕਹਿਣਾ ਏ ਕਿ ਪੰਜਾਬ ਵਿੱਚ ਚੰਗੇ ਬੀਜਾਂ, ਅਤੇ ਮਿਆਰੀ ਖਾਦਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਜਾ ਰਿਹਾ ਏ.
- ਮੌਸਮ ਵਿਭਾਗ ਨੇ ਆਉਂਦੇ 48 ਘੰਟਿਆਂ ਤਕ ਪੰਜਾਬ ਤੇ ਹਰਿਆਣਾ ਦੇ ਕਈ ਹਿੱਸਿਆਂ ‘ਚ ਸੰਘਣੀ ਧੁੰਦ ਰਹਿਣ ਦੀ ਸੰਭਾਵਨਾ ਜਤਾਈ ਏ.
- ਮਹਿਲਾ ਪ੍ਰੀਮੀਅਰ ਲੀਗ 2025,  14 ਫਰਵਰੀ ਨੂੰ ਸ਼ੁਰੂ ਹੋਣ ਜਾ ਰਹੀ ਏ